Tape/CD: 1320

# ਪੰਨਾ ੨੭੮

**ਕਬਹੂ ਸਾਧਸੰਗਤਿ ਇਹੁ ਪਾਵੈ ॥** ਉਸੁ ਅਸਥਾਨ ਤੇ ਬਹੁਰਿ ਨ ਆਵੈ ॥ ਅੰਤਰਿ ਹੋਇ ਗਿਆਨ ਪਰਗਾਸੁ ॥ ਉਸੁ ਅਸਥਾਨ ਕਾ ਨਹੀ ਬਿਨਾਸੁ ॥ ਮਨ ਤਨ ਨਾਮਿ ਰਤੇ ਇਕ ਰੰਗਿ ॥ ਸਦਾ ਬਸਹਿ ਪਾਰਬ੍ਰਹਮ ਕੈ ਸੰਗਿ ॥ ਜਿਉ ਜਲ ਮਹਿ ਜਲੁ ਆਇ ਖਟਾਨਾ ॥ ਤਿਉ ਜੋਤੀ ਸੰਗਿ ਜੋਤਿ ਸਮਾਨਾ ॥ ਮਿਟਿ ਗਏ ਗਵਨ ਪਾਏ ਬਿਸ੍ਰਾਮ ॥ ਨਾਨਕ ਪ੍ਰਭ ਕੈ ਸਦ ਕੁਰਬਾਨ ॥ ੮ ॥

Tape/CD: 1320

# ਪੰਨਾ ੮੧੭

ਬਿਲਾਵਲੁ ਮਹਲਾ ੫ ॥ ਹਰਿ ਹਰਿ ਹਰਿ ਆਰਾਧੀਐ ਹੋਈਐ ਆਰੋਗ ॥ ਰਾਮਚੰਦ ਕੀ ਲਸਟਿਕਾ ਜਿਨਿ ਮਾਰਿਆ ਰੋਗੁ ॥ ੧ ॥ ਰਹਾਉ ॥ ਗੁਰੁ ਪੂਰਾ ਹਰਿ ਜਾਪੀਐ ਨਿਤ ਕੀਚੈ ਭੋਗੁ ॥ ਸਾਧਸੰਗਤਿ ਕੈ ਵਾਰਣੈ ਮਿਲਿਆ ਸੰਜੋਗੁ ॥ ੧ ॥ ਜਿਸੁ ਸਿਮਰਤ ਸੁਖੁ ਪਾਈਐ ਬਿਨਸੈ ਬਿਓਗੁ ॥ ਨਾਨਕ ਪ੍ਰਭ ਸਰਣਾਗਤੀ ਕਰਣ ਕਾਰਣ ਜੋਗੁ ॥ ੨ ॥ ੩੪ ॥ ੬੪ ॥

Tape/CD: 1320

# ਪੰਨਾ ੧੨੬੭

ਰਾਗੁ ਮਲਾਰ ਮਹਲਾ ੫ ਦੁਪਦੇ ਘਰੁ ੧

ਪ੍ਰਭ ਮੇਰੇ ਓਇ ਬੈਰਾਗੀ ਤਿਆਗੀ ॥ ਹਉ ਇਕੁ ਖਿਨੁ ਤਿਸੁ
ਬਿਨੁ ਰਹਿ ਨ ਸਕਉ ਪ੍ਰੀਤਿ ਹਮਾਰੀ ਲਾਗੀ ॥ ੧ ॥ ਰਹਾਉ ॥
ਉਨ ਕੈ ਸੰਗਿ ਮੋਹਿ ਪ੍ਰਭੁ ਚਿਤਿ ਆਵੈ ਸੰਤ ਪ੍ਰਸਾਦਿ ਮੋਹਿ
ਜਾਗੀ ॥ ਸੁਨਿ ਉਪਦੇਸੁ ਭਏ ਮਨ ਨਿਰਮਲ ਗੁਨ ਗਾਏ ਰੰਗਿ
ਰਾਂਗੀ ॥ ੧ ॥ ਇਹੁ ਮਨੁ ਦੇਇ ਕੀਏ ਸੰਤ ਮੀਤਾ ਕ੍ਰਿਪਾਲ ਭਏ
ਬਡਭਾਗੀਂ ॥ ਮਹਾ ਸੁਖੁ ਪਾਇਆ ਬਰਨਿ ਨ ਸਾਕਉ ਰੇਨੁ
ਨਾਨਕ ਜਨ ਪਾਗੀ ॥ ੨ ॥ ੧ ॥ ੫ ॥